# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ : 05-10-2025**

- ਰਾਸ਼ਟਰੀ ਜਾਂਚ ਏਜੰਸੀ (NIA) ਨੇ ਜਲੰਧਰ ਵਿੱਚ ਪੰਜਾਬ ਦੇ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਦੇ ਘਰ 'ਤੇ ਹੋਏ ਗ੍ਰਨੇਡ ਹਮਲੇ ਵਿੱਚ ਸ਼ਾਮਲ ਚਾਰ ਮੁਲਜ਼ਮਾਂ ਨੂੰ ਚਾਰਜਸ਼ੀਟ ਕੀਤਾ ਏ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼੍ਰੀ ਅਨੰਦਪੁਰ ਸਾਹਿਬ ਵਿਖੇ "ਹੈਰੀਟੇਜ ਸਟਰੀਟ" ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ. ਓਹਨਾਂ ਆਨੰਦਪੁਰ ਸਾਹਿਬ ਤੋਂ ਨੈਣਾ ਦੇਵੀ, ਤੇ ਚਿੰਤਪੁਰਨੀ ਵਰਗੇ ਧਾਰਮਿਕ ਸਥਾਨਾਂ ਤੱਕ ਵਿਸ਼ੇਸ਼ ਸੈਰ-ਸਪਾਟਾ ਰੂਟ ਵਿਕਸਤ ਕੀਤੇ ਜਾਣ ਬਾਰੇ ਵੀ ਐਲਾਨ ਕੀਤਾ.
- ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਪਾਕਿਸਤਾਨ ਨਾਲ ਸੰਬੰਧਿਤ ਸਰਹੱਦ ਪਾਰ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਇੱਕ ਮਾਡਿਊਲ ਦਾ ਪਰਦਾਫਾਸ਼ ਕੀਤਾ ਏ .
- ਸਿਵਿਲ ਹਵਾਬਾਜ਼ੀ ਬਾਰੇ ਡਾਇਰੈਕਟੋਰੇਟ ਜਨਰਲ DGCA ਨੇ ਤਿਉਹਾਰਾਂ ਤੋਂ ਪਹਿਲਾਂ ਹਵਾਈ ਕਿਰਾਏ ਦੇ ਰੁਝਾਨਾਂ ਦੀ ਸਮੀਖਿਆ ਕੀਤੀ ਏ।

---------------------------------------------------------------------------------

NIA- 1

ਰਾਸ਼ਟਰੀ ਜਾਂਚ ਏਜੰਸੀ (NIA) ਨੇ ਇਸ ਸਾਲ 7 ਅਪ੍ਰੈਲ ਦੀ ਰਾਤ ਨੂੰ ਜਲੰਧਰ ਵਿੱਚ ਪੰਜਾਬ ਦੇ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਦੇ ਘਰ 'ਤੇ ਹੋਏ ਗ੍ਰਨੇਡ ਹਮਲੇ ਵਿੱਚ ਸ਼ਾਮਲ ਚਾਰ ਮੁਲਜ਼ਮਾਂ ਨੂੰ ਚਾਰਜਸ਼ੀਟ ਕੀਤਾ ਏ । ਚਾਰਜਸ਼ੀਟ ਵਿੱਚ ਦੋ ਗ੍ਰਿਫ਼ਤਾਰ ਮੁਲਜ਼ਮਾਂ, ਉੱਤਰ ਪ੍ਰਦੇਸ਼ ਦੇ ਅਮਰੋਹਾ ਤੋਂ ਸੈਦੁਲ ਅਮੀਨ, ਜਿਸਨੇ ਗ੍ਰਨੇਡ ਸੁੱਟਿਆ ਸੀ ਅਤੇ ਹਰਿਆਣਾ ਦੇ ਕੁਰੂਕਸ਼ੇਤਰ ਤੋਂ ਅਭਿਜੋਤ ਜਾਂਗਰਾ ਨੂੰ ਨਾਮਜ਼ਦ ਕੀਤਾ ਗਿਆ ਏ । ਜਦੋਂ ਕਿ ਦੋ ਹੋਰ, ਜੋ ਭਗੌੜੇ ਨੇ, ਵਿੱਚ ਹਰਿਆਣਾ ਦੇ ਯਮੁਨਾਨਗਰ ਦੇ ਕੁਲਬੀਰ ਸਿੰਘ ਸਿੱਧੂ, ਜੋ ਕਿ ਪਾਬੰਦੀਸ਼ੁਦਾ ਦਹਿਸ਼ਤਗਰਦ ਧੜੇ, ਬੱਬਰ ਖਾਲਸਾ ਇੰਟਰਨੈਸ਼ਨਲ (BKI) ਦਾ ਇੱਕ ਸੰਚਾਲਕ ਏ ਅਤੇ ਕਰਨਾਲ ਤੋਂ ਮਨੀਸ਼ ਨੂੰ ਵੀ ਨਾਮਜ਼ਦ ਕੀਤਾ ਗਿਆ ਏ । NIA ਹੋਰ ਭਗੌੜਿਆਂ ਦਾ ਪਤਾ ਲਾ ਰਹੀ ਏ ਅਤੇ BKI ਦੇ ਮੈਂਬਰਾਂ ਦੀ ਪਛਾਣ ਕਰ ਰਹੀ ਏ ਜੋ ਭਾਰਤ ਵਿੱਚ ਸਰਗਰਮ ਨੇ.

---------------------------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਖਾਲਸੇ ਦੀ ਜਨਮ ਭੂਮੀ, ਸ੍ਰੀ ਅਨੰਦਪੁਰ ਸਾਹਿਬ ਵਿਖੇ "ਹੈਰੀਟੇਜ ਸਟਰੀਟ" ਪ੍ਰੋਜੈਕਟ ਦਾ ਨੀਂਹ

ਪੱਥਰ ਰੱਖਿਆ, ਜੋ ਇਸ ਪਵਿੱਤਰ ਸ਼ਹਿਰ ਦੇ ਵਿਕਾਸ ਵੱਲ ਇੱਕ ਵੱਡਾ ਕਦਮ ਏ । ਇਸ ਪ੍ਰੋਜੈਕਟ ਰਾਹੀਂ, ਇਸ ਸ਼ਹਿਰ ਨੂੰ ਨਾ ਸਿਰਫ਼ ਧਾਰਮਿਕ ਦ੍ਰਿਸ਼ਟੀਕੋਣ ਤੋਂ, ਸਗੋਂ ਸੱਭਿਆਚਾਰਕ ਅਤੇ ਸੈਰ-ਸਪਾਟੇ ਦੇ ਦ੍ਰਿਸ਼ਟੀਕੋਣ ਤੋਂ ਵੀ ਵਿਸ਼ਵਵਿਆਪੀ ਮਾਨਤਾ ਮਿਲੇਗੀ. ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਅਨੰਦਪੁਰ ਸਾਹਿਬ ਨੂੰ "ਵ੍ਹਾਈਟ ਸਿਟੀ" ਵਜੋਂ ਵਿਕਸਤ ਕੀਤਾ ਜਾਵੇਗਾ। ਪੂਰੇ ਸ਼ਹਿਰ ਵਿੱਚ ਸ਼ਾਂਤੀ, ਸ਼ਰਧਾ ਅਤੇ ਪਵਿੱਤਰਤਾ ਦੇ ਪ੍ਰਤੀਕ ਵਜੋਂ ਚਿੱਟੇ ਸੰਗਮਰਮਰ ਦੀ ਵਰਤੋਂ ਕੀਤੀ ਜਾਵੇਗੀ। ਪ੍ਰੋਜੈਕਟ ਤਹਿਤ, ਛੇ ਵਿਸ਼ਾਲ ਗੇਟ ਬਣਾਏ ਜਾਣਗੇ, ਜੋ ਪੰਜਾਬ ਦੇ ਸੱਭਿਆਚਾਰਕ ਵਿਰਸੇ, ਸਿੱਖ ਇਤਿਹਾਸ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਬਾਣੀ ਤੋਂ ਪ੍ਰੇਰਿਤ ਹੋਣਗੇ। ਹਰੇਕ ਗੇਟ ਦਾ ਨਾਂ ਅਤੇ ਡਿਜ਼ਾਈਨ ਸਿੱਖ ਇਤਿਹਾਸ ਨਾਲ ਸਬੰਧਤ ਹੋਵੇਗਾ, ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੇ ਵਿਰਸੇ ਨਾਲ ਜੁੜਨ ਦਾ ਮੌਕਾ ਪ੍ਰਦਾਨ ਕਰੇਗਾ। ਮੁਖ ਮੰਤਰੀ ਨੇ ਕਿਹਾ ਕਿ ਇਹ ਸਿਰਫ਼ ਇੱਕ ਉਸਾਰੀ ਪ੍ਰੋਜੈਕਟ ਨਹੀਂ, ਸਗੋਂ ਸਿੱਖ ਇਤਿਹਾਸ ਦੀ ਮਹਿਮਾ ਨੂੰ ਸਾਕਾਰ ਕਰਨ ਦੀ ਇੱਕ ਕੋਸ਼ਿਸ਼ ਏ । ਮੁੱਖ ਮੰਤਰੀ ਨੇ 20 ਕਰੋੜ ਰੁਪਏ ਦੀ ਲਾਗਤ ਨਾਲ ਬਣੀ, ਭਾਈ ਜੈਤਾ ਜੀ ਯਾਦਗਾਰ ਵੀ ਲੋਕਾਂ ਨੂੰ ਸਮਰਪਿਤ ਕੀਤੀ- byte –

ਸਰਕਾਰ ਦਾ ਉਦੇਸ਼ ਇਸ ਸਥਾਨ 'ਤੇ ਆਉਣ ਵਾਲੇ ਸ਼ਰਧਾਲੂਆਂ ਅਤੇ ਸੈਲਾਨੀਆਂ ਨੂੰ ਵਿਸ਼ਵ ਪੱਧਰੀ ਸਹੂਲਤਾਂ ਪ੍ਰਦਾਨ ਕਰਨਾ ਏ. ਮੁੱਖ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਧਾਰਮਿਕ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਲਈ ਸ਼੍ਰੀ ਆਨੰਦਪੁਰ ਸਾਹਿਬ ਤੋਂ ਨੈਣਾ ਦੇਵੀ, ਸ਼੍ਰੀ ਚਿੰਤਪੁਰਨੀ ਅਤੇ ਬਗਲਾ ਮੁਖੀ ਵਰਗੇ ਧਾਰਮਿਕ ਸਥਾਨਾਂ ਤੱਕ ਵਿਸ਼ੇਸ਼ ਸੈਰ-ਸਪਾਟਾ ਰੂਟ ਵਿਕਸਤ ਕੀਤੇ ਜਾ ਰਹੇ ਨੇ. ਇਸ ਤੋਂ ਇਲਾਵਾ, ਰੇਲ ਸੰਪਰਕ ਨੂੰ ਮਜ਼ਬੂਤ ਕਰਨ ਦੀਆਂ ਯੋਜਨਾਵਾਂ ਨੇ ਤਾਂ ਜੋ ਸ਼ਰਧਾਲੂ ਆਸਾਨੀ ਨਾਲ "ਪੰਜ ਤਖ਼ਤਾਂ" ਦੇ ਦਰਸ਼ਨ ਕਰ ਸਕਣ। ਮੁੱਖ ਮੰਤਰੀ ਨੇ ਵਿਰਾਸਤ – ਏ - ਖਾਲਸਾ ਵਿਖੇ ਵਿਸ਼ਵ ਅਧਿਆਪਕ ਦਿਵਸ ‘ਤੇ ਅਧਿਆਪਕਾਂ ਦੇ ਸਨਮਾਨ ਲਈ ਰੱਖੇ ਗਏ ਪ੍ਰੋਗਰਾਮ ਵਿੱਚ 71 ਅਧਿਆਪਕਾਂ ਦਾ ਰਾਜ ਅਧਿਆਪਕਾਂ ਵਜੋਂ ਸਨਮਾਨ ਵੀ ਕੀਤਾ. ਇਸ ਮੌਕੇ ਓਹਨਾਂ ਕਿਹਾ

—byte –

ਇਸ ਮੌਕੇ ਅਨੰਦਪੁਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ, ਮਾਲਵਿੰਦਰ ਸਿੰਘ ਕੰਗ, ਤੇ ਸਿੱਖਿਆ ਮੰਤਰੀ ਹਰਜੋਤ ਬੈਂਸ ਵੀ ਮੌਜੂਦ ਸਨ ।

---------------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਐਲਾਨਿਆ GST ਬਚਤ ਉਤਸਵ 22 ਸਤੰਬਰ ਤੋਂ ਸ਼ੁਰੂ ਹੋ ਗਿਆ ਏ. ਇਹ ਉਤਸਵ ਦੇਸ਼ ਭਰ ਵਿੱਚ ਲਾਭਦਾਇਕ ਸਾਬਤ ਹੋ ਰਿਹਾ ਏ। ਅੱਜ, ਇਸ ਲੜੀ ਵਿੱਚ, ਅਸੀਂ ਹਿਮਾਚਲ ਪ੍ਰਦੇਸ਼ ਦੀਆਂ ਸਨਅਤਾਂ 'ਤੇ ਜੀਐਸਟੀ ਸੁਧਾਰਾਂ ਦੇ ਪ੍ਰਭਾਵ ਬਾਰੇ ਗੱਲ ਕਰਦੇ ਹਾਂ- *ਨਵੇਂ GST ਸੁਧਾਰਾਂ ਨੇ ਹਿਮਾਚਲ ਪ੍ਰਦੇਸ਼ ਦੇ ਕਾਰੀਗਰਾਂ, ਕਿਸਾਨਾਂ ਅਤੇ ਸਨਅਤੀ ਖੇਤਰਾਂ ਨੂੰ ਮਹੱਤਵਪੂਰਨ ਰਾਹਤ ਪ੍ਰਦਾਨ ਕੀਤੀ ਏ। ਹੱਥ ਨਾਲ ਬੁਣੇ ਸ਼ਾਲਾਂ, ਹਿਮਾਚਲੀ ਟੋਪੀਆਂ ਅਤੇ ਦਸਤਕਾਰੀ ਵਸਤਾਂ'ਤੇ ਜੀਐਸਟੀ 12 ਫੀਸਦੀ ਤੋਂ ਘਟਾ ਕੇ 5 ਫੀਸਦੀ ਕਰ ਦਿੱਤਾ ਗਿਆ ਏ। ਸਰਕਾਰ ਦੇ ਇਸ ਕਦਮ ਨੇ ਰਵਾਇਤੀ ਵਸਤਾਂ ਨੂੰ ਵਧੇਰੇ ਕਿਫਾਇਤੀ ਬਣਾਇਆ ਏ ਅਤੇ ਕਾਰੀਗਰਾਂ ਤੇ ਦਸਤਕਾਰਾਂ ਦੀ ਆਮਦਨ ਵਿੱਚ ਸੁਧਾਰ ਕੀਤਾ ਏ। ਚਮੜੇ ਦੀਆਂ ਚੱਪਲਾਂ, ਲੱਕੜ ਦੀਆਂ ਵਸਤਾਂ, ਅਤੇ ਮਿੱਟੀ ਤੇ ਧਾਤ ਦੇ ਭਾਂਡਿਆਂ ਨੂੰ ਵੀ 5 ਫੀਸਦੀ GST ਸਲੈਬ'ਚ ਰੱਖਿਆ ਗਿਆ ਏ। ਇਸ ਤੋਂ ਇਲਾਵਾ, ਸ਼ਿਮਲਾ ਅਤੇ ਆਲੇ-ਦੁਆਲੇ ਦੇ ਕਿਸਾਨਾਂ ਨੂੰ ਸੇਬ ਸਟੋਰੇਜ ਅਤੇ ਸ਼ਿਪਿੰਗ ਸਮੱਗਰੀ 'ਤੇ ਘੱਟ GST ਦਾ ਫਾਇਦਾ ਹੋਇਆ ਏ। ਇਸ ਨਾਲ ਲਾਗਤਾਂ ਘਟੀਆਂ ਨੇ ਅਤੇ ਵਾਢੀ ਦੀ ਰੁਤ ਦੌਰਾਨ ਹਜ਼ਾਰਾਂ ਕਿਸਾਨਾਂ ਦੀ ਮਦਦ ਹੋਣ ਦੀ ਉਮੀਦ ਏ। ਸੋਧੀਆਂ ਹੋਈਆਂ GST ਦਰਾਂ ਦਾ ਉਦੇਸ਼ ਛੋਟੇ ਕਾਰੀਗਰਾਂ ਅਤੇ*

*ਬੁਣਕਰਾਂ ਨੂੰ ਰਾਹਤ ਪ੍ਰਦਾਨ ਕਰਨਾ ਅਤੇ, ਨਾਲ ਹੀ ਕਿਸਾਨਾਂ ਅਤੇ ਫੈਕਟਰੀ ਮੁਲਾਜ਼ਮਾਂ ਲਈ ਨਵੇਂ ਮੌਕੇ ਵੀ ਪੈਦਾ ਕਰਨਾ ਏ । ਜੀਐਸਟੀ ਵਿੱਚ ਕਟੌਤੀ, ਉਪਜੀਵਿਕਾ ਨੂੰ ਮਜ਼ਬੂਤ ਕਰੇਗੀ ਅਤੇ ਹਿਮਾਚਲ ਪ੍ਰਦੇਸ਼ ਦੇ ਬਾਜ਼ਾਰਾਂ ਨੂੰ ਹੋਰ ਖ਼ੁਸ਼ਹਾਲ ਬਣਾਏਗੀ।*

------------------------------------------------------------------------------------

ਪੰਜਾਬ ਨੂੰ ਇੱਕ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਇੱਕ ਖੁਫੀਆ ਜਾਣਕਾਰੀ 'ਤੇ ਕੀਤੀ ਕਾਰਵਾਈ ਵਿੱਚ, ਕਾਊਂਟਰ ਇੰਟੈਲੀਜੈਂਸ (CI) ਅੰਮ੍ਰਿਤਸਰ ਨੇ ਪਾਕਿਸਤਾਨ ਨਾਲ ਸਬੰਧ ਰੱਖਣ ਵਾਲੇ ਇੱਕ ਸਰਹੱਦ ਪਾਰ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਮਾਡਿਊਲ ਦਾ ਪਰਦਾਫਾਸ਼ ਕੀਤਾ. ਇਸ ਬਾਰੇ ਵੇਰਵੇ ਸਾਂਝੇ ਕਰਦਿਆਂ ਡੀਜੀਪੀ ਪੰਜਾਬ, ਗੌਰਵ ਯਾਦਵ ਨੇ ਕਿਹਾ ਏ ਇਸ ਮਾਡਿਊਲ ਦੇ ਦੋ ਕਾਰਕੁਨਾਂ ਨੂੰ ਗ੍ਰਿਫਤਾਰ ਕੀਤਾ ਗਿਆ ਏ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਢਾਈ ਕਿਲੋ ਹੈਰੋਇਨ ਅਤੇ ਪੰਜ ਆਧੁਨਿਕ ਪਿਸਤੌਲ ਬਰਾਮਦ ਕੀਤੇ ਨੇ. ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਤਰਨਤਾਰਨ ਦੇ ਪਿੰਡ ਢੋਲਣ ਦੇ ਵਸਨੀਕ ਗੁਰਜੰਟ ਸਿੰਘ ਅਤੇ ਤਰਨਤਾਰਨ ਦੇ ਪਿੰਡ ਛੀਨਾ ਬਿਧੀ ਚੰਦ ਦੇ ਵਸਨੀਕ ਗੁਰਵੇਲ ਸਿੰਘ ਵਜੋਂ ਹੋਈ ਏ । ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ

ਖੇਪਾਂ ਦੀ ਢੋਆ-ਢੁਆਈ ਲਈ ਵਰਤੀ ਜਾ ਰਹੀ ਕਾਰ ਵੀ ਬਰਾਮਦ ਕਰ ਲਈ ਏ. ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਪਾਕਿਸਤਾਨ ਸਥਿਤ ਤਸਕਰ ਦੇ ਨਿਰਦੇਸ਼ਾਂ 'ਤੇ ਸਰਹੱਦ ਪਾਰ ਤੋਂ ਤਸਕਰੀ ਕਰਨ ਲਈ ਕੰਮ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਬਰਾਮਦ ਕੀਤੇ ਗਏ ਹਥਿਆਰ ਪੰਜਾਬ ਵਿੱਚ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਹੁਲਾਰਾ ਦੇਣ ਲਈ ਗੈਂਗਸਟਰਾਂ ਅਤੇ ਅਪਰਾਧੀਆਂ ਨੂੰ ਸਪਲਾਈ ਕੀਤੇ ਜਾਣੇ ਸਨ। ਡੀਜੀਪੀ ਨੇ ਇਹ ਵੀ ਕਿਹਾ ਏ ਕਿ ਇਸ ਮਾਮਲੇ ਵਿੱਚ ਪੂਰੇ ਗਠਜੋੜ ਦਾ ਪਰਦਾਫਾਸ਼ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਏ ।

---

ਭਗਵਾਨ ਵਾਲਮੀਕਿ ਜੀ ਦਾ ਪ੍ਰਗਟ ਦਿਵਸ ਦੇਸ਼ ਵਿੱਚ ਬੜੀ ਸ਼ਰਧਾ ਅਤੇ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਏ । ਇਸ ਦੌਰਾਨ ਦੇਸ਼-ਵਿਦੇਸ਼ ਤੋਂ ਸੰਗਤਾਂ ਭਗਵਾਨ ਵਾਲਮੀਕਿ ਤੀਰਥ ਸਥਲ ਵਿਖੇ ਨਤਮਸਤਕ ਹੋ ਕੇ ਅਸ਼ੀਰਵਾਦ ਲੈਂਦੀਆਂ ਨੇ. ਇਸ ਮੌਕੇ ਨੂੰ ਧਿਆਨ ਵਿੱਚ ਰਖਦਿਆਂ ਅੰਮ੍ਰਿਤਸਰ ਦੇ ਵਧੀਕ ਜਿਲ੍ਹਾ ਮੈਜਿਸਟਰੇਟ, ਸ੍ਰੀ ਰੋਹਿਤ ਗੁਪਤਾ, ਨੇ ਹੁਕਮ ਜਾਰੀ ਕੀਤਾ ਏ ਕਿ ਜਿਲ੍ਹਾ ਅੰਮ੍ਰਿਤਸਰ ਵਿੱਚ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ

ਦਿਵਸ ਨੂੰ ਸਮਰਪਿਤ ਸ਼ੋਭਾ ਯਾਤਰਾ ਵਾਲੇ ਦਿਨ ਭਲਕੇ 6 ਅਕਤੂਬਰ ਨੂੰ, ਸ਼ੋਭਾ ਯਾਤਰਾ ਵਾਲੇ ਰਸਤਿਆਂ ਵਿੱਚ 100 ਮੀਟਰ ਆਲੇ-ਦੁਆਲੇ ਸ਼ਰਾਬ ਦੇ ਠੇਕੇ ਅਤੇ ਆਂਡਾ, ਮੀਟ ਦੀਆਂ ਦੁਕਾਨਾਂ ਬੰਦ ਰਹਿਣਗੀਆਂ. ਕਮਿਸ਼ਨਰ ਪੁਲਿਸ, ਅੰਮ੍ਰਿਤਸਰ ਸ਼ਹਿਰ, ਸੀਨੀਅਰ ਪੁਲਿਸ ਕਪਤਾਨ, ਅੰਮ੍ਰਿਤਸਰ (ਦਿਹਾਤੀ), ਕਮਿਸ਼ਨਰ, ਨਗਰ ਨਿਗਮ, ਅੰਮ੍ਰਿਤਸਰ ਅਤੇ ਸਬੰਧਤ ਉਪ ਮੰਡਲ ਮੈਜਿਸਟਰੇਟ ਆਪਣੇ-ਆਪਣੇ ਅਧਿਕਾਰ ਖੇਤਰ ਵਿੱਚ ਇਹਨਾਂ ਹੁਕਮਾਂ ਦੀ ਪਾਲਣਾ ਯਕੀਨੀ ਬਨਾਉਣਗੇ।

---------------------------------------------------------------------------------

ਸੂਬੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ'ਚ ਲਗਾਤਾਰ ਕੇਂਦਰ ਦੇ ਵੱਖ- ਵੱਖ ਵਿਭਾਗਾ ਦੇ ਮੰਤਰੀਆ ਵੱਲੋ ਜਾਇਜ਼ਾ ਲਿਆ ਜਾ ਰਿਹਾ ਏ. ਇਸੇ ਸੰਬੰਧ 'ਚ ਅੱਜ ਕੇਂਦਰੀ ਰਾਜ ਮੰਤਰੀ ਭਾਗੀਰਥ ਚੌਧਰੀ ਗੁਰਦਾਸਪੁਰ ਦੇ ਸਰਹੱਦੀ ਪਿੰਡਾਂ ਵਿੱਚ ਪਹੁੰਚੇ ਤੇ ਹੜ੍ਹਾਂ ਕਾਰਣ ਫਸਲਾਂ ਨੂੰ ਹੋਏ ਨੁਕਸਾਨ ਦਾ ਜਾਇਜ਼ਾ ਲਿਆ. ਜਾਇਜ਼ਾ ਲੈ ਕੇ ਰਿਪੋਰਟ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਦਿੱਤੀ ਜਾਏਗੀ।। ਕੇਂਦਰੀ ਰਾਜ ਮੰਤਰੀ ਭਾਗੀਰਥ ਚੌਧਰੀ ਨੇ ਕਿਹਾ ਕਿ, ਕਿਸਾਨਾਂ ਦੇ ਖਾਤਿਆਂ ਦੇ ਵਿੱਚ ਸਿਧਿਆਂ ਰਕਮਾਂ ਪਾਉਣ ਨੂੰ

ਹੀ ਤਰਜੀਹ ਦਿੱਤੀ ਜਾਏਗੀ. ਓਹਨਾਂ ਇਹ ਵੀ ਕਿਹਾ ਕਿ ਮਾਈਨਿੰਗ ਦੇ ਕਾਰਨ ਹੋਏ ਵੱਡੇ ਨੁਕਸਾਨ ਦੀ ਵੀ ਜਾਂਚ ਕਰਵਾਈ ਜਾਏਗੀ।

-----------------------------------------------------------------------------

ਸਿਵਿਲ ਹਵਾਬਾਜ਼ੀ ਬਾਰੇ ਡਾਇਰੈਕਟੋਰੇਟ ਜਨਰਲ DGCA ਨੇ ਤਿਉਹਾਰਾਂ ਤੋਂ ਪਹਿਲਾਂ ਹਵਾਈ ਕਿਰਾਏ ਦੇ ਰੁਝਾਨਾਂ ਦੀ ਸਮੀਖਿਆ ਕੀਤੀ ਏ । ਸ਼ਹਿਰੀ ਹਵਾਬਾਜ਼ੀ ਮੰਤਰਾਲੇ ਵਲੋਂ DGCA ਨੂੰ ਹਵਾਈ ਕਿਰਾਇਆਂ 'ਤੇ ਨਜ਼ਰ ਰੱਖਣ ਅਤੇ ਕੀਮਤਾਂ ਵਿੱਚ ਵਾਧੇ ਦੀ ਸਥਿਤੀ ਵਿੱਚ ਢੁੱਕਵੇਂ ਉਪਾਅ ਕਰਨ ਦਾ ਆਦੇਸ਼ ਦਿੱਤਾ ਗਿਆ ਏ । DGCA ਨੇ ਹਵਾਈ ਕੰਪਨੀਆਂ ਨਾਲ ਸਰਗਰਮੀ ਨਾਲ ਮਾਮਲਾ ਉਠਾਇਆ ਅਤੇ ਉਨ੍ਹਾਂ ਨੂੰ ਉੱਚ ਮੰਗ ਨੂੰ ਪੂਰਾ ਕਰਨ ਲਈ ਵਾਧੂ ਉਡਾਣਾਂ ਤਾਇਨਾਤ ਕਰਕੇ ਤਿਉਹਾਰਾਂ ਦੇ ਸਮੇਂ ਲਈ ਉਡਾਣ ਸਮਰੱਥਾ ਵਧਾਉਣ ਲਈ ਕਿਹਾ। ਜਵਾਬ ਵਿੱਚ, ਇੰਡੀਗੋ ਨੇ ਸੂਚਿਤ ਕੀਤਾ ਏ ਕਿ ਇਸਨੇ 42 ਸੈਕਟਰਾਂ ਵਿੱਚ 730 ਵਾਧੂ ਉਡਾਣਾਂ ਤਾਇਨਾਤ ਕੀਤੀਆਂ ਨੇ. ਇਸ ਦੌਰਾਨ, ਏਅਰ ਇੰਡੀਆ ਅਤੇ ਏਅਰ ਇੰਡੀਆ ਐਕਸਪ੍ਰੈਸ 20 ਸੈਕਟਰਾਂ ਵਿੱਚ 486 ਵਾਧੂ ਉਡਾਣਾਂ ਚਲਾਉਣਗੇ

ਅਤੇ ਸਪਾਈਸਜੈੱਟ 38 ਸੈਕਟਰਾਂ ਵਿੱਚ 546 ਹੋਰ ਜਹਾਜ਼ ਚਲਾਏਗਾ। ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਕਿਹਾ ਕਿ ਤਿਉਹਾਰਾਂ ਦੇ ਸੀਜ਼ਨ ਦੌਰਾਨ ਯਾਤਰੀਆਂ ਦੇ ਹਿੱਤਾਂ ਦੀ ਰੱਖਿਆ ਲਈ DGCA, ਹਵਾਈ ਕੰਪਨੀਆਂ ਦੇ ਕਿਰਾਏ ਅਤੇ ਉਡਾਣ ਸਮਰੱਥਾ ਦੀ ਸਖ਼ਤ ਨਿਗਰਾਨੀ ਰੱਖੇਗਾ।

------------------------------------------------------------------------

- ਰਾਸ਼ਟਰੀ ਜਾਂਚ ਏਜੰਸੀ (NIA) ਨੇ ਜਲੰਧਰ ਵਿੱਚ ਪੰਜਾਬ ਦੇ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਦੇ ਘਰ 'ਤੇ ਹੋਏ ਗ੍ਰਨੇਡ ਹਮਲੇ ਵਿੱਚ ਸ਼ਾਮਲ ਚਾਰ ਮੁਲਜ਼ਮਾਂ ਨੂੰ ਚਾਰਜਸ਼ੀਟ ਕੀਤਾ ਏ ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼੍ਰੀ ਅਨੰਦਪੁਰ ਸਾਹਿਬ ਵਿਖੇ "ਹੈਰੀਟੇਜ ਸਟਰੀਟ" ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ. ਓਹਨਾਂ ਆਨੰਦਪੁਰ ਸਾਹਿਬ ਤੋਂ ਨੈਣਾ ਦੇਵੀ, ਤੇ ਚਿੰਤਪੁਰਨੀ ਵਰਗੇ ਧਾਰਮਿਕ ਸਥਾਨਾਂ ਤੱਕ ਵਿਸ਼ੇਸ਼ ਸੈਰ-ਸਪਾਟਾ ਰੂਟ ਵਿਕਸਤ ਕੀਤੇ ਜਾਣ ਬਾਰੇ ਵੀ ਐਲਾਨ ਕੀਤਾ.
- ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਪਾਕਿਸਤਾਨ ਨਾਲ ਸੰਬੰਧਿਤ ਸਰਹੱਦ ਪਾਰ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਇੱਕ ਮਾਡਿਊਲ ਦਾ ਪਰਦਾਫਾਸ਼ ਕੀਤਾ ਏ .

- ਸਿਵਿਲ ਹਵਾਬਾਜ਼ੀ ਬਾਰੇ ਡਾਇਰੈਕਟੋਰੇਟ ਜਨਰਲ DGCA ਨੇ ਤਿਉਹਾਰਾਂ ਤੋਂ ਪਹਿਲਾਂ ਹਵਾਈ ਕਿਰਾਏ ਦੇ ਰੁਝਾਨਾਂ ਦੀ ਸਮੀਖਿਆ ਕੀਤੀ ਏ।

ਆਕਾਸ਼ਵਾਣੀ ਤੋਂ ਖਬਰਾਂ ਖਤਮ ਹੋਈਆਂ

ਅਗਲਾ ਰਾਸ਼ਟਰੀ ਬੁਲੇਟਿਨ ਤੁਸੀਂ ਸੁਣੋਗੇ

ਸ਼ਾਮ ਸਾਢੇ 7 ਵਜੇ . ਨਮਸ੍ਕਾਰ